# India declares one-day national mourning on demise of President of the UAE and Ruler of Abu Dhabi

May 13, 2022

## ਸੰਯੁਕਤ ਅਰਬ ਅਮੀਰਾਤ ਦੇ ਰਾਸ਼ਟਰਪਤੀ ਅਤੇ ਅਬੂ ਧਾਬੀ ਦੇ ਸ਼ਾਸਕ ਦੇ ਦੇਹਾਂਤ ਦੇ ਮੌਕੇ ਭਾਰਤ ਨੇ ਐਲਾਨਿਆ ਇੱਕ ਦਿਨ ਦਾ ਕੌਮੀ ਸੋਗ

**13 ਮਈ, 2022**

ਭਾਰਤ ਸਰਕਾਰ ਨੇ ਕੱਲ੍ਹ 14 ਮਈ, 2022 ਨੂੰ ਸੰਯੁਕਤ ਅਰਬ ਅਮੀਰਾਤ ਦੇ ਰਾਸ਼ਟਰਪਤੀ ਅਤੇ ਅਬੂ ਧਾਬੀ ਦੇ ਸ਼ਾਸਕ ਮਹਾਮਹਿਮ ਸ਼ੇਖ ਖਲੀਫ਼ਾ ਬਿਨ ਜ਼ਾਇਦ ਅਲ ਨਾਹਯਾਨ, ਜਿਨ੍ਹਾਂ ਦਾ ਅੱਜ ਦੇਹਾਂਤ ਹੋ ਗਿਆ, ਦੇ ਸਨਮਾਨ ਵਿੱਚ ਇੱਕ ਦਿਨ ਦੇ ਕੌਮੀ ਸੋਗ ਦਾ ਐਲਾਨ ਕੀਤਾ ਹੈ। ਪੂਰੇ ਭਾਰਤ ਵੀ ਅੰਦਰ, ਜਿੱਥੇ ਰਾਸ਼ਟਰੀ ਝੰਡਾ ਨਿਯਮਤ ਤੌਰ 'ਤੇ ਲਹਿਰਾਇਆ ਜਾਂਦਾ ਹੈ, ਉੱਥੇ ਸੋਗ ਵਾਲੇ ਦਿਨ ਰਾਸ਼ਟਰੀ ਝੰਡਾ ਅੱਧਾ ਝੁਕਾਇਆ ਜਾਵੇਗਾ ਅਤੇ ਇਸ ਦਿਨ ਕੋਈ ਵੀ ਸਰਕਾਰੀ ਮਨੋਰੰਜਨ ਦਾ ਪ੍ਰੋਗ੍ਰਾਮ ਨਹੀਂ ਹੋਵੇਗਾ।

ਭਾਰਤ ਦੇ ਰਾਸ਼ਟਰਪਤੀ ਸ਼੍ਰੀ ਰਾਮ ਨਾਥ ਕੋਵਿੰਦ ਅਤੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਵੀ ਮਹਾਮਹਿਮ ਸ਼ੇਖ ਖਲੀਫਾ ਬਿਨ ਜਾਏਦ ਅਲ ਨਾਹਯਾਨ ਦੇ ਦੇਹਾਂਤ 'ਤੇ ਸੋਗ ਪ੍ਰਗਟ ਕੀਤਾ ਹੈ। ਆਪਣੇ ਸੰਦੇਸ਼ਾਂ ਵਿੱਚ ਉਨ੍ਹਾਂ ਨੇ ਕਿਹਾ ਕਿ ਉਹ ਰਾਜਨੇਤਾ ਅਤੇ ਦੂਰਦਰਸ਼ੀ ਨੇਤਾ ਸਨ ਅਤੇ ਉਨ੍ਹਾਂ ਨੇ ਮਰਹੂਮ ਨੇਤਾ ਵੱਲੋਂ ਭਾਰਤ-ਸੰਯੁਕਤ ਅਰਬ ਅਮੀਰਾਤ ਦਰਮਿਆਨ ਦੁਵੱਲੇ ਸਬੰਧਾਂ ਨੂੰ ਮਜ਼ਬੂਤ ਕਰਨ ਅਤੇ ਸੰਯੁਕਤ ਅਰਬ ਅਮੀਰਾਤ ਵਿੱਚ ਭਾਰਤੀ ਭਾਈਚਾਰੇ ਦੀ ਭਲਾਈ ਵਿੱਚ ਪਾਏ ਗਏ ਯੋਗਦਾਨ ਨੂੰ ਯਾਦ ਕੀਤਾ।

ਨਵੀਂ ਦਿੱਲੀ

13 ਮਈ, 2022

DISCLAIMER: This is an approximate translation. The original is available in English on MEA's website and may be referred to as the official press release.